## *ਖ਼ਾਲਸਾ ਕਾਲਜ ਵਿਖੇ ਲੜੀਵਾਰ ਨੈਸ਼ਨਲ ਸੈਮੀਨਾਰ ਕਰਵਾਇਆ*

ਖ਼ਾਲਸਾ ਕਾਲਜ ਦੇ ਪੋਸਟ-ਗ੍ਰੈਜੂਏਟ ਗਣਿਤ ਵਿਭਾਗ ਵੱਲੋਂ ਦੂਸਰਾ ਨੈਸ਼ਨਲ ਸੈਮੀਨਾਰ **'ਇਨੋਵੇਸ਼ਨਸ ਐਂਡ ਐਪਲੀਕੇਸ਼ਨ ਇੰਨ ਮੈਥੇਮੈਟਿਕਸ"** ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਮਹਿਲ  ਸਿੰਘ ਦੇ ਸਹਿਯੋਗ ਨਾਲ ਕਰਵਾਏ ਸੈਮੀਨਾਰ 'ਚ ਸਾਊਥ ਏਸ਼ੀਅਨ ਯੂਨੀਵਰਸਿਟੀ ਦਿੱਲੀ ਦੇ ਪ੍ਰੋ. ਕਪਿਲ ਸ਼ਰਮਾ ਅਤੇ ਪੰਜਾਬ ਟੈਕਨੀਕਲ ਯੂਨੀਵਰਸਿਟੀ, ਕਪੂਰਥਲਾ ਦੇ ਪ੍ਰੋ. ਵਿਕਰਮਜੀਤ ਸਿੰਘ ਨੇ ਮੁੱਖ ਬੁਲਾਰੇ ਵੱਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰੋ. ਕਪਿਲ ਸ਼ਰਮਾ ਨੇ ਗਣਿਤ ਵਿਸ਼ੇ ਦੀਆਂ ਵਿਸ਼ੇਸ਼ਤਾਵਾਂ ਦੱਸਦੇ ਹੋਏ ਵਿਦਿਆਰਥੀਆਂ ਨੂੰ ਰਿਸਰਚ ਕਰਨ ਲਈ ਪ੍ਰੇਰਿਆ ਅਤੇ ਪ੍ਰੋ. ਵਿਕਰਮਜੀਤ ਸਿੰਘ ਨੇ ਗਣਿਤ ਵਿਸ਼ੇ ਨਾਲ ਸੰਬੰਧਿਤ ਵੱਖ-ਵੱਖ ਤਰ੍ਹਾਂ ਦੀਆਂ ਕੰਪਿਊਟਰ ਤਕਨੀਕਾਂ ਬਾਰੇ ਵਿਦਿਆਰਥੀਆਂ ਨੂੰ ਦੱਸਦੇ ਹੋਏ ਇਹਨਾਂ ਤਕਨੀਕਾਂ ਨੂੰ ਕਿਵੇਂ ਅਤੇ ਕਿੱਥੇ ਵਰਤ ਕੇ ਅਜੋਕੇ ਸਮੇਂ ਦੇ ਹਾਣੀ ਬਣ ਸਕਦੇ ਹਾਂ ਇਸ ਬਾਰੇ ਜਾਗਰੂਕ ਕੀਤਾ। ਇਸ ਮੌਕੇ ਪ੍ਰਿੰ. ਡਾ. ਮਹਿਲ ਸਿੰਘ ਨੇ ਮੁੱਖ ਮਹਿਮਾਨਾਂ ਦਾ ਸਵਾਗਤ ਕੀਤਾ। ਗਣਿਤ ਵਿਭਾਗ ਦੇ ਮੁੱਖੀ ਪ੍ਰੋ. ਰਜਿੰਦਰ ਪਾਲ ਕੌਰ ਨੇ ਆਏ ਹੋਏ ਮੁੱਖ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਵਿਦਿਆਰਥੀਆਂ ਨੂੰ ਅਜਿਹੇ ਸੈਮੀਨਾਰਾਂ ਦੀ ਮਹੱਤਤਾ ਬਾਰੇ ਵੀ ਦੱਸਿਆ। ਇਸ ਮੌਕੇ ਡਾ. ਐੱਮ.ਐੱਸ. ਬਤਰਾ, ਡਾ.ਤਮਿੰਦਰ ਸਿੰਘ ਭਾਟੀਆ, ਡਾ. ਹਰਵਿੰਦਰ ਕੌਰ, ਡਾ. ਸਵਰਾਜ ਕੌਰ, ਡਾ. ਪਰਮਿੰਦਰ ਸਿੰਘ, ਡਾ. ਭੁਪਿੰਦਰ ਸਿੰਘ, ਮੈਡਮ ਨਵਨੀਨ ਬਾਵਾ ਅਤੇ ਸਮੂਹ ਸਟਾਫ਼ ਗਣਿਤ ਵਿਭਾਗ ਹਾਜ਼ਰ ਸਨ।